ਨਿਸ਼ਾਨ ਵਾਲੇ ਪ੍ਰਸ਼ਨ
ਸਵੇਰ ਦੀ ਬੈਠਕ

# ਪੰਜਾਬ ਵਿਧਾਨ ਸਭਾ ਸਕੱਤਰੇਤ

ਵੀਰਵਾਰ, ਮਿਤੀ 30 ਜੂਨ, 2022 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ
ਸਵੇਰ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।

**ਹਲਕਾ ਦਸੂਹਾ ਦੇ ਕੰਡੀ ਏਰੀਏ ਦੇ ਪਿੰਡਾਂ ਵਿਖੇ ਸਰਕਾਰੀ ਬੱਸ ਸੇਵਾ ਦੀ ਸਹੂਲਤ ਦੇਣਾ**

*159. **ਸਰਦਾਰ ਕਰਮਬੀਰ ਸਿੰਘ, ਐਮ.ਐਲ.ਏ.**:- ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਵਿਧਾਨ ਸਭਾ ਹਲਕਾ ਦਸੂਹਾ ਹੁਸ਼ਿਆਰਪੁਰ ਦੇ ਕੰਡੀ ਏਰੀਏ ਜਿਵੇਂ ਕਿ ਕਮਾਹੀ ਦੇਵੀ, ਦਾਤਾਰਪੁਰ, ਸ਼੍ਰੀ ਪਡੈਮ, ਸੰਸਾਰਪੁਰ, ਮੱਕੋਵਾਲ, ਧਰਮਪੁਰ, ਭੋਲ ਕਲੋਤਾ, ਚਮੂਹੀ ਅਤੇ ਭੋਬੋਤਾੜ ਦੇ ਪਿੰਡਾਂ ਵਿੱਚ ਕੋਈ ਵੀ ਸਰਕਾਰੀ ਬੱਸ ਦੀ ਸੇਵਾ ਨਹੀਂ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਵਿਭਾਗ ਵੱਲੋਂ ਉਕਤ ਦਰਸਾਏ ਸਥਾਨਾਂ ਤੇ ਕਦੋਂ ਤੱਕ ਸਰਕਾਰੀ ਬੱਸ ਸੇਵਾ ਸ਼ੁਰੂ ਕਰਨ ਦੀ ਸੰਭਾਵਨਾ ਹੈ?

**ਸਬ-ਡਵੀਜ਼ਨ ਬੰਗਾ ਵਿੱਚ ਪਟਵਾਰੀਆਂ ਦੀਆਂ ਮੰਨਜੂਰਸ਼ੁਦਾ ਅਸਾਮੀਆਂ**

*131. **ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ.**:- ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਬ-ਡਵੀਜ਼ਨ ਬੰਗਾ ਵਿੱਚ ਪਟਵਾਰੀਆਂ ਦੀਆਂ ਮੰਨਜ਼ੂਰਸ਼ੁਦਾ ਅਸਾਮੀਆਂ ਕਿੰਨੀਆਂ ਹਨ; ਇਹਨਾਂ ਅਸਾਮੀਆਂ ਤੇ ਇਸ ਵੇਲੇ ਕਿੰਨੇ ਰੈਗੂਲਰ ਅਤੇ ਕਿੰਨੇ ਰਿਟਾਇਰਡ ਪਟਵਾਰੀ ਕੰਮ ਕਰ ਰਹੇ ਹਨ; ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਖਾਲੀ ਅਸਾਮੀਆਂ ਨੂੰ ਕਦੋਂ ਤੱਕ ਭਰ ਦਿੱਤਾ ਜਾਵੇਗਾ?

**ਸੁਲਤਾਨਪੁਰ ਲੋਧੀ ਵਿਖੇ "ਗੁਰੂ ਨਾਨਕ ਦਾ ਪਿੰਡ" ਸਥਾਪਿਤ ਕਰਨਾ**

*128. **ਰਾਣਾ ਇੰਦਰ ਪ੍ਰਤਾਪ ਸਿੰਘ, ਐਮ.ਐਲ.ਏ.**:- ਕੀ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 550 ਵਾਂ ਪ੍ਰਕਾਸ਼ ਪੁਰਬ ਮਨਾਉਣ ਦੇ ਦੌਰਾਨ, ਸੁਲਤਾਨਪੁਰ ਲੋਧੀ ਵਿਖੇ "ਗੁਰੂ ਨਾਨਕ ਦਾ ਪਿੰਡ" ਸਥਾਪਿਤ ਕਰਨ ਲਈ ਐਲਾਨ ਕੀਤਾ ਗਿਆ ਸੀ; ਜੇਕਰ ਅਜਿਹਾ ਹੋਵੇ ਤਾਂ ਉਪਰੋਕਤ ਪ੍ਰੋਜੈਕਟ ਦੀ ਅਨੁਮਾਨਤ ਲਾਗਤ ਕੀ ਹੈ ਅਤੇ ਇਸ ਦੇ ਕਦੋਂ ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ?

**ਜਨਵਰੀ ਤੋਂ ਮਾਰਚ 2022 ਅਤੇ ਅਪ੍ਰੈਲ ਤੋਂ ਮਈ 2022 ਦੇ ਸਮੇਂ ਦੌਰਾਨ ਰਾਜ ਦੀ ਸਰਕਾਰੀ ਲਾਟਰੀ ਤੋਂ ਇਕੱਠੇ ਕੀਤੇ ਮਾਲੀਏ ਦੇ ਵੇਰਵੇ**

*145. **ਸ਼੍ਰੀ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ.**:- ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਜਲੰਧਰ ਜ਼ਿਲ੍ਹੇ ਦੀਆਂ ਵੱਖ-ਵੱਖ ਥਾਂਵਾਂ ਤੇ ਖੁੱਲੀਆਂ ਬਹੁ-ਗਿਣਤੀ ਲਾਟਰੀ ਦੀਆਂ ਦੁਕਾਨਾਂ ਤੇ ਸਿਰਫ ਸਰਕਾਰੀ ਲਾਟਰੀ ਟਿਕਟਾਂ ਹੀ ਮਿਲਦੀਆਂ ਹਨ ਅਤੇ ਕੀ ਇਸ ਸਬੰਧੀ ਜਨਵਰੀ ਤੋਂ ਮਾਰਚ 2022 ਅਤੇ ਅਪ੍ਰੈਲ ਤੋਂ ਮਈ 2022 ਦੌਰਾਨ ਕੋਈ ਚੈਕਿੰਗ ਕੀਤੀ ਗਈ ਹੈ;

ਅ) ਉੱਪਰੋਕਤ ਵਰਣਿਤ ਸਮੇਂ ਦੇ ਦੌਰਾਨ ਹਰ ਇੱਕ ਜ਼ਿਲ੍ਹੇ ਵਿੱਚ ਉਕਤ ਵਰਣਿਤ ਦੁਕਾਨਾਂ ਤੋਂ ਕੁੱਲ ਕਿੰਨਾਂ ਮਾਲੀਆ ਇਕੱਠਾ ਕੀਤਾ ਗਿਆ ਹੈ?

**ਬੇਲਾ ਤੋਂ ਪਨਿਆਲੀ ਪੁੱਲ ਦੀ ਉਸਾਰੀ ਕਰਨਾ**

*49. **ਡਾਕਟਰ ਚਰਨਜੀਤ ਸਿੰਘ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਚਮਕੌਰ ਸਾਹਿਬ, ਜ਼ਿਲ੍ਹਾ ਰੂਪਨਗਰ ਵਿਖੇ ਸਤਲੁਜ਼ ਦਰਿਆ ਤੇ ਬੇਲਾ ਤੋਂ ਪਨਿਆਲੀ ਪੁੱਲ ਬਣਾਉਣ ਲਈ ਪ੍ਰਾਜੈਕਟ ਦਾ ਕੰਮ ਕੁੱਝ ਤਕਨੀਕੀ ਕਾਰਨਾਂ ਅਤੇ ਫੰਡਜ਼ ਦੀ ਘਾਟ ਕਾਰਨ ਸ਼ੁਰੂ ਨਹੀਂ ਹੋ ਸਕਿਆ; ਜੇਕਰ ਅਜਿਹਾ ਹੋਵੇ ਤਾਂ ਇਸ ਪ੍ਰਾਜੈਕਟ ਨੂੰ ਕਦੋਂ ਤੱਕ ਪੂਰਾ ਕਰ ਦਿੱਤਾ ਜਾਵੇਗਾ?

**ਪਿੰਡਾਂ ਵਿੱਚ ਖੇਡਣ ਵਾਸਤੇ ਗਰਾਊਂਡ ਬਣਾਉਣਾ**

*88. **ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ, ਐਮ.ਐਲ.ਏ.**:- ਕੀ ਖੇਡ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜ਼ਿਨ੍ਹਾ ਪਿੰਡਾਂ ਵਿੱਚ ਖੇਡਣ ਵਾਸਤੇ ਗਰਾਊਂਡ ਨਹੀਂ ਹੈ ਅਤੇ ਜ਼ਿਨ੍ਹਾ ਪਿੰਡਾਂ ਕੋਲ ਪੰਚਾਇਤੀ ਜ਼ਮੀਨ ਨਹੀਂ ਹੈ; ਕੀ ਉਹਨਾਂ ਪਿੰਡਾਂ ਵਾਸਤੇ ਸਰਕਾਰ ਕੋਈ ਗਰਾਊਂਡ ਬਣਾਉਣ ਦੀ ਤਜਵੀਜ਼ ਤੇ ਵਿਚਾਰ ਕਰੇਗੀ?

**ਹਲਕਾ ਬਾਘਾਪੁਰਾਣਾ ਦੇ ਪਿੰਡਾਂ ਨੂੰ ਦਿੱਤੀਆਂ ਗ੍ਰਾਂਟਾ ਦੇ ਵੇਰਵੇ**

*318. **ਸਰਦਾਰ ਅੰਮ੍ਰਿਤਪਾਲ ਸਿੰਘ ਸੁਖਾਨੰਦ, ਐਮ.ਐਲ.ਏ**:- ਕੀ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਬਾਘਾਪੁਰਾਣਾ ਦੇ ਪਿੰਡਾਂ ਵਿੱਚ ਪਿਛਲੀ ਸਰਕਾਰ ਦੁਆਰਾ ਕਿੰਨੀਆਂ ਗ੍ਰਾਂਟਾਂ ਦਿੱਤੀਆਂ ਗਈਆਂ ਹਨ ਅਤੇ ਕਿੰਨੀ ਰਾਸ਼ੀ ਬਕਾਇਆ ਹੈ; ਬਕਾਇਆ ਰਾਸ਼ੀ ਕਦੋਂ ਤੱਕ ਜਾਰੀ ਕਰ ਦਿੱਤੀ ਜਾਵੇਗੀ?

**ਸਰਦੂਲਗੜ੍ਹ ਦੇ ਘੱਗਰ ਦਰਿਆ ਦੇ ਗੰਦੇ ਪਾਣੀ ਦੀ ਸਮੱਸਿਆ**

*16. **ਸਰਦਾਰ ਗੁਰਪ੍ਰੀਤ ਸਿੰਘ ਬਨਾਂਵਾਲੀ, ਐਮ.ਐਲ.ਏ.**:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਸਰਦੂਲਗੜ੍ਹ ਵਿੱਚ ਘੱਗਰ ਦਰਿਆ ਵਿੱਚ ਕੈਮੀਕਲ ਅਤੇ ਸੀਵਰੇਜ਼ ਦਾ ਪਾਣੀ ਸਿੱਧਾ ਸੁੱਟਿਆ ਜਾ ਰਿਹਾ ਹੈ ਜਿਸ ਨਾਲ ਪਾਣੀ ਦੂਸ਼ਿਤ ਹੋ ਰਿਹਾ ਹੈ; ਜੇਕਰ ਅਜਿਹਾ ਹੋਵੇ ਤਾਂ ਗੰਦੇ ਪਾਣੀ ਨੂੰ ਰੋਕਣ ਲਈ ਸਰਕਾਰ ਕੀ ਕਦਮ ਚੁੱਕ ਰਹੀ ਹੈ?

**ਸਮਾਣਾ ਹਲਕੇ ਵਿੱਚ ਪੈਂਦੀਆਂ ਸੜਕਾਂ ਦੀ ਮੁਰੰਮਤ ਕਰਵਾਉਣਾ**

*30. **ਸਰਦਾਰ ਚੇਤਨ ਸਿੰਘ ਜੋੜਾਮਾਜਰਾ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਮਾਣਾ ਹਲਕੇ ਵਿੱਚ ਪੈਂਦੀਆਂ ਲੋਕ ਨਿਰਮਾਣ ਵਿਭਾਗ ਅਧੀਨ ਸੜਕਾਂ ਦੀ ਮੁਰੰਮਤ/ਨਵੀਨੀਕਰਨ ਦਾ ਕੰਮ ਕਦੋਂ ਕਰਵਾਇਆ ਗਿਆ ਅਤੇ ਕਿੱਥੇ ਕਿੱਥੇ ਅਤੇ ਕਿੰਨੇ ਕਿਲੋਮੀਟਰ ਤੱਕ ਕਰਵਾਇਆ ਗਿਆ;

ਅ) ਭਾਗ 'ੳ' ਵਿੱਚ ਦਰਸਾਏ ਅਨੁਸਾਰ ਇਨ੍ਹਾਂ ਸੜਕਾਂ ਦੀ ਮੁਰੰਮਤ/ਨਵੀਨੀਕਰਨ ਦਾ ਕੰਮ ਕਦੋਂ ਤੋਂ ਪੈਂਡਿੰਗ ਪਿਆ ਹੈ ਅਤੇ ਇਸ ਨੂੰ ਕਦੋਂ ਤੱਕ ਮੁਕੰਮਲ ਕਰਵਾਏ ਜਾਣ ਦੀ ਸੰਭਾਵਨਾ ਹੈ?

**ਹਲਕਾ ਭੁਲੱਥ ਦੇ ਸੰਤ ਪ੍ਰੇਮ ਸਿੰਘ ਕਰਮਸਰ ਖਾਲਸਾ ਕਾਲਜ਼ ਬੇਗੋਵਾਲ ਨੂੰ ਟੇਕ ਓਵਰ ਕਰਨਾ**

*176. **ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ.**:- ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਭੁਲੱਥ ਦੇ ਸੰਤ ਪ੍ਰੇਮ ਸਿੰਘ ਕਰਮਸਰ ਖਾਲਸਾ ਕਾਲਜ਼ ਬੇਗੋਵਾਲ ਨੂੰ ਟੇਕ ਓਵਰ ਕਰਨ ਦੀ ਪ੍ਰਕਿਰਿਆ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਉਸ ਦੇ ਕੀ ਵੇਰਵੇ ਹਨ ਅਤੇ ਇਸ ਪ੍ਰਕਿਰਿਆ ਨੂੰ ਕਦੋਂ ਤੱਕ ਮੁਕੰਮਲ ਕਰ ਲਿਆ ਜਾਵੇਗਾ?

ਪਰਤੋਂ ਜੀ....

**ਸ਼ਾਮਲਾਟ ਜ਼ਮੀਨਾਂ ਤੇ ਬਣੇ ਘਰ ਉੱਥੇ ਰਹਿ ਰਹੇ ਲੋਕਾਂ ਦੇ ਨਾਂ ਤੇ ਕਰਨ ਦੀ ਪਾਲਿਸੀ ਬਣਾਉਣਾ**

*226. ਸਰਦਾਰ ਹਰਮੀਤ ਸਿੰਘ ਪਠਾਣਮਾਜਰਾ, ਐਮ.ਐਲ.ਏ.:- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਰਾਜ ਅੰਦਰ ਜਿਨ੍ਹਾਂ ਲੋਕਾਂ ਨੇ ਪਿੰਡਾਂ ਦੇ ਛੱਪੜਾਂ ਤੇ, ਸ਼ਾਮਲਾਟ ਜ਼ਮੀਨਾਂ ਉੱਤੇ ਪਿਛਲੇ 50-50 ਸਾਲਾਂ ਤੋਂ ਘਰ ਬਣਾਏ ਹੋਏ ਹਨ, ਉਨ੍ਹਾਂ ਨੂੰ ਡੀ.ਸੀ.ਰੇਟਾਂ ਉਤੇ ਉਨ੍ਹਾਂ ਦੇ ਨਾ ਤੇ ਕਰਨ ਬਾਰੇ ਕੋਈ ਪਾਲਿਸੀ ਤਿਆਰ ਕਰ ਰਹੀ ਹੈ; ਜੇਕਰ ਹਾਂ ਤਾਂ ਵੇਰਵੇ ਦਿੱਤੇ ਜਾਣ?

**ਤਪਾ ਮੰਡੀ ਵਿਖੇ ਬੱਸ ਸਟੈਂਡ ਚਾਲੂ ਕਰਨਾ**

*329. ਸਰਦਾਰ ਲਾਭ ਸਿੰਘ ਉਗੋਕੇ, ਐਮ.ਐਲ.ਏ.:- ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਭਦੌੜ ਦੇ ਕਸਬਾ ਤਪਾ ਮੰਡੀ ਵਿਖੇ ਬੱਸ ਸਟੈਂਡ ਜੋ ਕਿ ਲੱਗਭੱਗ 6 ਸਾਲ ਪਹਿਲਾਂ ਬਣਕੇ ਤਿਆਰ ਹੋ ਚੁੱਕਿਆ ਹੈ ਪਰ ਉਸ ਨੂੰ ਹਾਲੇ ਤੱਕ ਸ਼ੁਰੂ ਨਹੀਂ ਕੀਤਾ ਗਿਆ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਬੱਸ ਸਟੈਂਡ ਨੂੰ ਕਦੋਂ ਤੱਕ ਸ਼ੁਰੂ ਕੀਤਾ ਜਾਵੇਗਾ?

**ਹਲਕਾ ਦਸੂਹਾ ਨੂੰ ਜ਼ਿਲ੍ਹਾ ਬਣਾਉਣਾ**

*38. ਸਰਦਾਰ ਕਰਮਬੀਰ ਸਿੰਘ, ਐਮ.ਐਲ.ਏ.:- ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਹਲਕਾ ਦਸੂਹਾ ਨੂੰ ਇਤਿਹਾਸਕ ਪਾਂਡਵ ਸਰੋਵਰ ਦੇ ਨਾਮ ਨਾਲ ਜਾਨਣ ਅਤੇ ਬਹੁਤ ਪੁਰਾਣਾ ਕਸਬਾ ਹੋਣ ਕਾਰਣ ਜ਼ਿਲ੍ਹਾ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਹਲਕਾ ਖਡੂਰ ਸਾਹਿਬ ਦੇ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ ਪੂਰੀ ਕਰਨਾ**

*229. ਸਰਦਾਰ ਮਨਜਿੰਦਰ ਸਿੰਘ ਲਾਲਪੁਰਾ, ਐਮ.ਐਲ.ਏ.:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਖਡੂਰ ਸਾਹਿਬ ਦੇ ਸਰਕਾਰੀ ਹਸਪਤਾਲ ਵਿੱਚ ਜੋ ਡਾਕਟਰਾਂ ਦੀ ਘਾਟ ਹੈ ਉਸਨੂੰ ਕਦੋਂ ਤੱਕ ਪੂਰਾ ਕਰ ਦਿੱਤਾ ਜਾਵੇਗਾ?

**ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਅਧੀਨ ਸੜਕ ਬਣਾਉਣ ਲਈ ਸੜਕ ਦੀ ਚੌੜਾਈ ਦੀ ਸ਼ਰਤ ਘੱਟ ਕਰਨਾ**

*267. ਸ਼੍ਰੀ ਦਿਨੇਸ਼ ਚੱਢਾ, ਐਮ.ਐਲ.ਏ.:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਅਧੀਨ ਕੇਂਦਰ ਸਰਕਾਰ ਵੱਲੋਂ ਬਣਾਈਆਂ ਜਾਣ ਵਾਲੀਆਂ ਸੜਕਾਂ ਦੀ ਚੌੜਾਈ 8.5 ਮੀਟਰ ਲਾਜਮੀ ਹੈ, ਜਦਕਿ ਰੋਪੜ ਜ਼ਿਲ੍ਹੇ ਅਤੇ ਹੋਰ ਨੀਮ ਪਹਾੜੀ ਖੇਤਰਾਂ ਵਿੱਚ ਇਸ ਸਕੀਮ ਦਾ ਲਾਭ ਨਹੀਂ ਮਿਲ ਰਿਹਾ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਸੜਕਾਂ ਦੀ ਚੌੜਾਈ ਦੀ ਸ਼ਰਤ ਘਟਾਉਣ ਲਈ ਕੇਂਦਰ ਸਰਕਾਰ ਨਾਲ ਮਾਮਲਾ ਟੇਕ-ਅੱਪ ਕਰੇਗੀ ਤਾਂ ਜੋ ਇਨ੍ਹਾਂ ਖੇਤਰਾਂ ਵਿੱਚ ਇਸ ਯੋਜਨਾ ਦਾ ਲਾਭ ਮਿਲ ਸਕੇ?

**ਪਿੰਡ ਖਟਕੜ ਕਲਾਂ ਦੇ ਸਰਵ ਪੱਖੀ ਵਿਕਾਸ ਦੀ ਯੋਜਨਾ ਦੇ ਵੇਰਵੇ**

* 99. ਸਰਦਾਰ ਪ੍ਰਤਾਪ ਸਿੰਘ ਬਾਜਵਾ, ਐਮ.ਐਲ.ਏ.:- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸ਼ਹੀਦ ਭਗਤ ਸਿੰਘ ਜੀ ਦੀ ਜਨਮ ਭੂੰਮੀ ਪਿੰਡ ਖਟਕੜ ਕਲਾਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਰਵ-ਪੱਖੀ ਵਿਕਾਸ ਲਈ ਕੋਈ ਯੋਜਨਾ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਵੇਰਵੇ ਕੀ ਹਨ?

**ਹਲਕਾ ਸਨੌਰ, ਜ਼ਿਲ੍ਹਾ ਪਟਿਆਲਾ ਦੇ ਸਕੂਲਾਂ ਨੂੰ ਅੱਪਗ੍ਰੇਡ ਕਰਨਾ**

*214. ਸਰਦਾਰ ਹਰਮੀਤ ਸਿੰਘ ਪਠਾਣਮਾਜਰਾ, ਐਮ.ਐਲ.ਏ.:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਸਨੌਰ, ਜਿਲ੍ਹਾ ਪਟਿਆਲਾ ਦੇ ਕਿਹੜੇ-ਕਿਹੜੇ ਮਿਡਲ ਅਤੇ ਹਾਈ ਸਕੂਲਾਂ ਨੂੰ ਅੱਪਗ੍ਰੇਡ ਕਰਨ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ ਅਤੇ ਇਹ ਸਕੂਲ ਕਦੋਂ ਤੱਕ ਅੱਪਗ੍ਰੇਡ ਕਰ ਦਿੱਤੇ ਜਾਣਗੇ?

**ਬਨੂੰੜ ਕੈਨਾਲ ਦਾ ਪਾਣੀ ਹਲਕਾ ਘਨੌਰ ਦੇ ਪਿੰਡਾਂ ਤੱਕ ਪਹੁੰਚਾਉਣਾ**

*313. ਸ਼੍ਰੀ ਗੁਰਲਾਲ ਸਿੰਘ, ਐਮ.ਐਲ.ਏ.:- ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਬਨੂੰੜ ਕੈਨਾਲ ਦਾ ਪਾਣੀ ਹਲਕਾ ਘਨੌਰ ਦੇ 42 ਪਿੰਡਾਂ, ਹਲਕਾ ਰਾਜਪੁਰਾ ਦੇ 20 ਪਿੰਡਾਂ ਅਤੇ ਪਿੰਡ ਘੱਗਰ ਸਰਾਂ ਤੋਂ ਕੋਹਲੇ ਮਾਜਰਾ ਤੱਕ ਪਹੁੰਚਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਡੇਰਾਬੱਸੀ ਦੇ ਸਰਕਾਰੀ ਕਾਲਜ਼ ਦੇ ਕਾਮਰਸ ਬਲਾਕ ਦੀ ਉਸਾਰੀ ਅਤੇ ਅਸਾਮੀਆਂ ਦੇ ਵੇਰਵੇ**

*206. ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ.:- ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਡੇਰਾਬੱਸੀ ਦੇ ਸਰਕਾਰੀ ਕਾਲਜ ਵਿਖੇ ਕਾਮਰਸ ਬਲਾਕ ਦੀ ਉਸਾਰੀ ਦੀ ਮੌਜੂਦਾ ਸਥਿਤੀ ਕੀ ਹੈ ਅਤੇ ਇਸ ਨੂੰ ਕਦੋਂ ਤੱਕ ਮੁਕੰਮਲ ਕਰ ਦਿੱਤਾ ਜਾਵੇਗਾ;

ਅ) ਇਸ ਕਾਲਜ ਵਿੱਚ ਸਟਾਫ ਦੀ ਕੁੱਲ ਗਿਣਤੀ ਕਿੰਨੀ ਹੈ ਅਤੇ ਕਿਹੜੇ-ਕਿਹੜੇ ਕਾਡਰ ਦੀਆ ਕਿੰਨੀਆਂ-ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ ਅਤੇ ਇਹ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ?

**ਸਾਲ 2021-22 ਦੌਰਾਨ ਮੰਨਜੂਰ/ਜਾਰੀ ਕੀਤੀਆਂ ਪੰਚਾਇਤੀ ਗ੍ਰਾਂਟਾਂ ਨਾ ਉਪਯੋਗ ਕਰਨ ਦੇ ਹੁਕਮ ਜਾਰੀ ਕਰਨਾ**

*141. 1. ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ, ਐਮ.ਐਲ.ਏ.)
2. ਸਰਦਾਰ ਵਿਕਰਮਜੀਤ ਸਿੰਘ ਚੌਧਰੀ, ਐਮ.ਐਲ.ਏ.):- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਰਾਜ ਸਰਕਾਰ ਨੇ ਸਰਕਾਰ ਦੁਆਰਾ ਸਾਲ 2021-22 ਦੇ ਦੌਰਾਨ ਮੰਨਜੂਰ/ਜਾਰੀ ਕੀਤੀਆਂ ਗਈਆਂ ਪੰਚਾਇਤੀ ਗ੍ਰਾਂਟਾਂ ਨੂੰ ਨਾ ਉਪਯੋਗ ਕਰਨ ਦੇ ਹੁਕਮ ਜਾਰੀ ਕੀਤੇ ਹਨ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ;

ਅ) ਕੀ ਸਰਕਾਰ ਇਹਨਾਂ ਪੰਚਾਇਤਾਂ ਨੂੰ ਦੁਬਾਰਾ ਗ੍ਰਾਂਟਾਂ ਜਾਰੀ ਕਰਨ ਲਈ ਵਿਚਾਰ ਕਰ ਰਹੀ ਹੈ; ਜੇਕਰ ਨਹੀਂ ਤਾਂ ਇਸਦੇ ਕੀ ਕਾਰਨ ਹਨ?

ਸੁਰਿੰਦਰ ਪਾਲ,
ਸਕੱਤਰ,
ਪੰਜਾਬ ਵਿਧਾਨ ਸਭਾ।

ਚੰਡੀਗੜ੍ਹ
ਮਿਤੀ 28 ਜੂਨ, 2022